ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426
Website: www.mcphagwara.co.in Email: cmcphagwara123@gmail.com

ਸੇਵਾ ਵਿਖੇ,

ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਚੰਡੀਗੜ੍ਹ।

ਨੰਬਰ: 2110 ਮਿਤੀ: 20/7/23

ਵਿਸ਼ਾ:- **ਕਮਿਸ਼ਨਰ, ਨਗਰ ਨਿਗਮ ਫਗਵਾੜਾ ਜੀ ਵੱਲੋਂ ਮਿਤੀ 18/07/2023 ਨੂੰ ਪਾਸ ਕੀਤੇ ਗਏ ਹੁਕਮਾਂ ਦੀ ਨਕਲ ਸੂਚਨਾ ਹਿੱਤ ਭੇਜਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਵੱਲੋਂ ਪਾਸ ਕੀਤੇ ਗਏ ਹੁਕਮ ਨੰ: 50 ਮਿਤੀ 18/07/2023 ਦੀ ਨਕਲ ਆਪ ਜੀ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜੀ ਜਾਂਦੀ ਹੈ ਜੀ।

ਨੱਥੀ:- ਉਕਤ ਅਨੁਸਾਰ

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।

ਪਿੱਠ ਅੰਕਣ ਨੰ: 2111 - 2114 ਮਿਤੀ: 20/7/23

ਉਪਰੋਕਤ ਦਾ ਇੱਕ ਉਤਾਰਾ:-

1. ਮਾਨਯੋਗ ਡਵੀਜ਼ਨਲ ਕਮਿਸ਼ਨਰ, ਜਲੰਧਰ ਮੰਡਲ, ਜਲੰਧਰ ਜੀ ਨੂੰ ਸੂਚਨਾਂ ਹਿੱਤ।
2. ਮਾਨਯੋਗ ਡਿਪਟੀ ਕਮਿਸ਼ਨਰ,ਕਪੂਰਥਲਾ ਜੀ ਨੂੰ ਸੂਚਨਾਂ ਹਿੱਤ।
3. ਮਾਨਯੋਗ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਨੂੰ ਸੂਚਨਾਂ ਹਿੱਤ।
4. ਸਬੰਧਤ ਅਧਿਕਾਰੀ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।

ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426 Fax: 01824-223260
Website: www.mcphagwara.com Email: comm.mcpgr@punjab.gov.in

ਮਿਤੀ 18/07/2023 ਨੂੰ ਡਾ. ਨਯਨ ਪੀ.ਸੀ.ਐਸ. ਕਮਿਸ਼ਨਰ, ਨਗਰ ਨਿਗਮ, ਫਗਵਾੜਾ ਵੱਲੋ ਹੇਠ ਲਿਖੇ ਅਨੁਸਾਰ ਪ੍ਰਸ਼ਾਸਕੀ ਹੁਕਮ ਪਾਸ ਕੀਤੇ ਗਏ।

| ਲੜੀ ਨੰ. | ਮਤਾ ਨੰ. ਅਤੇ ਮਿਤੀ | ਮਤੇ ਦਾ ਵੇਰਵਾ | ਕਿਰਪਾ ਕਰਕੇ ਸੁਨਿਸ਼ਚਿਤ ਕੀਤਾ ਜਾਵੇ ਕਿ ਮਿਤੀ 10.10.2022 ਰਾਹੀਂ ਪਾਸ ਕੀਤੇ ਗਏ ਨਿਰਦੇਸ਼ ਦੇ ਕਿਸ ਪੁਆਇੰਟ ਤਹਿਤ ਇਹ ਮਤਾ ਦੀ ਤਜਵੀਜ ਕੀਤੀ ਗਈ ਹੈ। | ਕਮਿਸ਼ਨਰ/ਕਾਰਜ ਸਾਧਕ ਅਫਸਰ ਦੁਆਰਾ ਕੀਤੀ ਗਈ ਟਿੱਪਣੀ |
|---|---|---|---|---|
| 1 | 50<br>18/07/2023 | ਰਿਪੋਰਟ ਵੱਲੋ ਨਿਗਰਾਨ ਇੰਜੀਨੀਅਰ ਕਿ ਉਪ ਮੰਡਲ ਇੰਜੀਨੀਅਰ, ਪੰਜਾਬ ਵ/ਸ ਅਤੇ ਸੀਵਰੇਜ ਬੋਰਡ ਫਗਵਾੜਾ ਵੱਲੋ ਪੱਤਰ ਨੰ: 583 ਮਿਤੀ 13-07-2023 ਰਾਹੀ ਸੂਚਿਤ ਕੀਤਾ ਗਿਆ ਹੈ ਕਿ ਮੁਹੱਲਾ ਇੰਡਸਟਰੀਅਲ ਏਰੀਆ ਫਗਵਾੜਾ ਵਿਖੇ ਟਿਊਬਵੈਲ ਦਾ ਬੋਰ ਫੇਲ ਹੋ ਗਿਆ ਹੈ। ਉਪ ਮੰਡਲ ਇੰਜੀਨੀਅਰ, ਪੰਜਾਬ ਵ/ਸ ਅਤੇ ਸੀਵਰੇਜ ਬੋਰਡ ਫਗਵਾੜਾ ਦੀ ਰਿਪੋਰਟ ਮੁਤਾਬਕ ਇਹ ਟਿਊਬਵੈਲ ਪਾਣੀ ਦੇ ਨਾਲ ਮਿੱਟੀ, ਰੇਤਾ ਅਤੇ ਗਰੈਵਲ ਦੇ ਰਿਹਾ ਹੈ। ਜਿਸ ਤੋ ਬਾਅਦ ਨਗਰ ਨਿਗਮ ਫਗਵਾੜਾ ਦੇ ਅਧਿਕਾਰੀਆ ਵੱਲੋ ਟਿਊਬਵੈਲ ਦਾ ਮੋਕਾ ਦੇਖਿਆ ਗਿਆ। ਉਕਤ ਜਗ੍ਹਾ ਤੇ ਬੋਰ ਫੇਲ ਹੋ ਜਾਣ ਕਾਰਣ ਇਲਾਕਾ ਨਿਵਾਸੀਆ ਨੂੰ ਪਾਣੀ ਨਹੀ ਮਿਲ ਰਿਹਾ ਹੈ। ਪਬਲਿਕ ਹਿੱਤ ਨੂੰ ਮੁੱਖ ਰੱਖਦੇ ਹੋਏ ਇਸ ਜਗ੍ਹਾ ਤੇ ਨਵਾਂ ਬੋਰ ਕਰਨਾ ਜਰੂਰੀ ਹੈ। ਉਕਤ ਬੋਰ ਕਰਵਾਉਣ ਲਈ ਤਖਮੀਨਾ ਤਿਆਰ ਕਰ ਲਿਆ ਗਿਆ ਹੈ। ਤਖਮੀਨੇ ਮੁਤਾਬਕ ਇਸ ਤੇ ਤਕਰੀਬਨ 22.47 ਲੱਖ ਰੁਪਏ ਦਾ ਖਰਚ ਆਉਣ ਦੀ ਸੰਭਾਵਨਾ ਹੈ। ਇਹ ਤਖਮੀਨਾ ਸੀ.ਐਸ.ਆਰ. ਦੇ ਰੇਟ ਮੁਤਾਬਕ ਤਿਆਰ ਕੀਤਾ ਗਿਆ ਹੈ। ਉਕਤ ਕੰਮ ਨੂੰ ਕਰਾਉਣ ਲਈ ਹਾਊਸ ਦੀ ਪ੍ਰਵਾਨਗੀ ਲੋੜੀਂਦੀ ਹੈ।ਇੱਥੇ ਦੱਸਣ ਯੋਗ ਹੈ ਕਿ ਸਥਾਨਕ ਸਰਕਾਰ ਵਿਭਾਗ, ਪੰਜਾਬ ਵੱਲੋਂ ਜਾਰੀ ਨੋਟੀਫਿਕੇਸ਼ਨ ਨੰਬਰ 5/71/2017/MEO/DA/334 ਮਿਤੀ 23-03-2020 ਰਾਂਹੀ ਹਾਊਸ ਦੀਆਂ ਸਾਰੀਆਂ ਸ਼ਕਤੀਆਂ ਕਮਿਸ਼ਨਰ ਨਗਰ ਨਿਗਮ ਜੀ ਨੂੰ ਦਿੱਤੀਆਂ ਗਈਆਂ ਸਨ। ਉਕਤ ਅਨੁਸਾਰ ਪ੍ਰਸ਼ਾਸਕੀ ਪ੍ਰਵਾਨਗੀ ਹਿੱਤ ਪੇਸ਼ ਹੈ। | ------ | ਸੂਚਨਾ ਹਿੱਤ। |

ਤਸਦੀਕੀ ਕਾਪੀ

ਅਜੰਡਾ ਸੁਪਰਡੰਟ
ਨਗਰ ਨਿਗਮ,ਫਗਵਾੜਾ